ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਮੋਗਾ

**ਪੰਜਾਬ ਸਰਕਾਰ ਵੱਲੋਂ ਰਾਜ ਦੇ ਲੋਕਾਂ ਦੀ ਭਲਾਈ ਲਈ ਪ੍ਰਦਾਨ ਕੀਤੀਆਂ ਜਾ ਰਹੀਆਂ ਵੱਡੀਆਂ ਸਹੂਲਤਾਂ ਦੀ ਮਿਸਾਲ ਕਿਸੇ ਸੂਬੇ 'ਚ ਨਹੀਂ ਮਿਲਦੀ-ਸ਼ਰਨਜੀਤ ਸਿੰਘ ਢਿੱਲੋਂ**

- **ਪੰਜਾਬ ਸਰਕਾਰ ਸੂਬੇ ਦੇ ਲੋਕਾਂ ਨੂੰ ਸਿਹਤਮੰਦ ਤੇ ਰੋਗ-ਮੁਕਤ ਬਣਾਉਣ ਲਈ ਵਚਨਬੱਧ**
- **ਮੁੱਖ ਮੰਤਰੀ ਪੰਜਾਬ ਵੱਲੋਂ ਸੂਬੇ ਦੇ ਕਿਸਾਨਾਂ ਲਈ ਪਾਣੀ ਦੀ ਰਾਖੀ ਦਾ ਮੁੱਦਾ ਪੰਜਾਬ ਵਿਧਾਨ ਸਭਾ 'ਚ ਉਠਾ ਕੇ ਕਿਸਾਨਾਂ ਦੇ ਹਿੱਤਾਂ ਦੀ ਕੀਤੀ ਰੱਖਿਆ**
- **ਸ਼੍ਰੋਮਣੀ ਅਕਾਲੀ ਦਲ-ਭਾਜਪਾ ਗਠਜੋੜ ਸਰਕਾਰ ਨੇ ਪਿਛਲੇ ਲਗਭੱਗ 9 ਸਾਲਾਂ ਦੌਰਾਨ ਸੂਬੇ ਦਾ ਕੀਤਾ ਰਿਕਾਰਡ ਤੋੜ ਵਿਕਾਸ ਜ਼ਿਲ੍ਹਾ ਪੱਧਰੀ ਸਮਾਗਮ ਦੌਰਾਨ ਕਿਸਾਨਾਂ ਨੂੰ ਭਗਤ ਪੂਰਨ ਸਿੰਘ ਸਿਹਤ ਬੀਮਾ ਯੋਜਨਾ ਦੇ ਸਮਾਰਟ ਕਾਰਡ ਵੰਡੇ**
- **ਵਿਧਾਇਕ ਜੋਗਿੰਦਰ ਪਾਲ ਜੈਨ, ਤੀਰਥ ਸਿੰਘ ਮਾਹਲਾ, ਤਰਲੋਚਨ ਸਿੰਘ ਗਿੱਲ ਅਤੇ ਬਰਜਿੰਦਰ ਸਿੰਘ ਬਰਾੜ ਨੇ ਕੀਤੀ ਸ਼ਿਰਕਤ**
- **ਜ਼ਿਲ੍ਹੇ ਦੇ 36,333 ਕਿਸਾਨਾਂ ਨੂੰ ਇਸ ਯੋਜਨਾ ਤਹਿਤ ਮਿਲੇਗਾ ਲਾਭ**

ਮੋਗਾ 11 ਅਪ੍ਰੈਲ :

ਪੰਜਾਬ ਸਰਕਾਰ ਵੱਲੋਂ ਰਾਜ ਦੇ ਹਰ ਵਰਗ ਦੇ ਲੋਕਾਂ ਦੀ ਭਲਾਈ ਲਈ ਵੱਡੀਆਂ ਸਹੂਲਤਾਂ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ, ਜਿੰਨ੍ਹਾਂ ਦੀ ਮਿਸਾਲ ਦੇਸ਼ ਦੇ ਕਿਸੇ ਵੀ ਸੂਬੇ 'ਚ ਨਹੀਂ ਮਿਲਦੀ।

ਇਹ ਪ੍ਰਗਟਾਵਾ ਸਿੰਚਾਈ ਮੰਤਰੀ ਪੰਜਾਬ ਸ. ਸ਼ਰਨਜੀਤ ਸਿੰਘ ਢਿੱਲੋਂ ਨੇ ਅੱਜ ਸਥਾਨਕ ਆਈ.ਐਸ.ਐਫ਼ ਕਾਲਜ ਵਿਖੇ ਕਿਸਾਨਾਂ ਨੂੰ ਭਗਤ ਪੂਰਨ ਸਿੰਘ ਸਿਹਤ ਬੀਮਾ ਯੋਜਨਾ ਦੇ ਸਮਾਰਟ ਕਾਰਡ ਵੰਡਣ ਮੌਕੇ ਜ਼ਿਲ੍ਹਾ ਪੱਧਰੀ ਸਮਾਗਮ ਦੌਰਾਨ ਕਿਸਾਨਾਂ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਕੀਤਾ।

ਸ. ਢਿੱਲੋਂ ਨੇ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੇ ਲੋਕਾਂ ਨੂੰ ਸਿਹਤਮੰਦ ਅਤੇ ਰੋਗ-ਮੁਕਤ ਬਣਾਉਣ ਲਈ ਵਚਨਬੱਧ ਹੈ ਅਤੇ ਸਮਾਜ ਦੇ ਗਰੀਬ ਤੇ ਆਰਥਿਕ ਤੌਰ 'ਤੇ ਕਮਜ਼ੋਰ ਵਰਗਾਂ ਪ੍ਰਤੀ ਆਪਣੀ ਜ਼ਿੰਮੇਵਾਰੀ ਨਿਭਾਉਂਦਿਆਂ ਰਾਜ ਵਿੱਚ ਭਗਤ ਪੂਰਨ ਸਿੰਘ ਸਿਹਤ ਬੀਮਾ ਯੋਜਨਾ ਸ਼ੁਰੂ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਰਾਜ ਦੇ ਗਰੀਬ ਵਰਗ ਦੇ ਲੋਕਾਂ ਤੇ ਵਪਾਰੀਆਂ ਲਈ ਵੀ ਭਗਤ ਪੂਰਨ ਸਿੰਘ ਸਿਹਤ ਬੀਮਾ ਯੋਜਨਾ ਸ਼ੁਰੂ ਕੀਤੀ ਗਈ ਹੈ ਅਤੇ ਇਸੇ ਤਰਜ਼ 'ਤੇ ਰਾਜ ਦੇ ਕਿਸਾਨਾਂ ਨੂੰ ਵੀ ਭਗਤ ਪੂਰਨ ਸਿੰਘ ਸਿਹਤ ਬੀਮਾ ਸਕੀਮ ਅਧੀਨ ਸਲਾਨਾ 50 ਹਜ਼ਾਰ ਰੁਪਏ ਤੱਕ ਦੇ ਨਕਦੀ-ਰਹਿਤ ਇਲਾਜ ਦੀ ਸਹੂਲਤ ਪ੍ਰਦਾਨ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਸੂਬੇ ਦੇ ਕਿਸਾਨਾਂ ਨੂੰ ਬਿਹਤਰ ਸਿਹਤ ਸੇਵਾਵਾਂ ਦੇਣ ਲਈ ਸ਼ੁਰੂ ਕੀਤੀ ਭਗਤ ਪੂਰਨ ਸਿੰਘ ਸਿਹਤ ਬੀਮਾ ਯੋਜਨਾ ਬਿਲਕੁਲ ਮੁਫ਼ਤ ਅਤੇ ਨਕਦੀ-ਰਹਿਤ ਹੈ। ਇਸ ਸਿਹਤ ਬੀਮਾ ਯੋਜਨਾ ਤਹਿਤ ਕਿਸਾਨ ਪ੍ਰੀਵਾਰ ਦੇ ਮੁਖੀ ਦੇ ਦਿਹਾਂਤ ਜਾਂ ਨਕਾਰਾ ਹੋਣ 'ਤੇ 5 ਲੱਖ ਰੁਪਏ ਦਾ ਮੁਆਵਜ਼ਾ ਵੀ ਸ਼ਾਮਲ ਹੈ। ਉਨ੍ਹਾਂ ਦੱਸਿਆ ਕਿ ਭਗਤ ਪੂਰਨ ਸਿੰਘ ਸਿਹਤ ਬੀਮਾ ਯੋਜਨਾ ਤਹਿਤ ਸਬੰਧਤ ਕਿਸਾਨ ਪ੍ਰੀਵਾਰ ਦਾ 50 ਹਜ਼ਾਰ ਰੁਪਏ ਤੱਕ ਦਾ ਮੁਫ਼ਤ ਇਲਾਜ ਸੂਚੀ-ਬੱਧ ਹਸਪਤਾਲਾਂ ਵਿਚੋਂ ਨਕਦੀ-ਰਹਿਤ ਹੋਵੇਗਾ। ਉਨ੍ਹਾਂ ਦੱਸਿਆ ਕਿ ਕਿਸਾਨਾਂ ਲਈ ਸ਼ੁਰੂ ਕੀਤੀ ਭਗਤ ਪੂਰਨ ਸਿੰਘ ਸਿਹਤ ਬੀਮਾ ਯੋਜਨਾ ਤਹਿਤ ਸਲਾਨਾ ਪ੍ਰੀਮੀਅਮ ਦੀ ਕਿਸ਼ਤ ਵੀ ਪੰਜਾਬ ਮੰਡੀ ਬੋਰਡ ਵੱਲੋਂ ਦਿੱਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਪਹਿਲੇ ਪੜਾਅ 'ਚ ਜ਼ਿਲ੍ਹੇ ਦੇ 36,333 ਕਿਸਾਨਾਂ ਦੇ ਇਸ ਯੋਜਨਾ ਤਹਿਤ ਕਾਰਡ ਬਣਾਏ ਜਾਣਗੇ ਅਤੇ ਇਸ ਸਕੀਮ ਦਾ ਰਾਜ ਦੇ 25 ਲੱਖ ਪ੍ਰੀਵਾਰਾਂ ਨੂੰ ਲਾਭ ਮਿਲੇਗਾ।

ਸ. ਢਿੱਲੋਂ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਸ. ਪਰਕਾਸ਼ ਸਿੰਘ ਬਾਦਲ ਦੀ ਗਤਸ਼ੀਲ ਅਗਵਾਈ ਅਤੇ ਉਪ ਮੁੱਖ ਮੰਤਰੀ ਸ. ਸੁਖਬੀਰ ਸਿੰਘ ਬਾਦਲ ਦੀ ਵਿਕਾਸ-ਮੁਖੀ ਸੋਚ ਤਹਿਤ ਸ਼੍ਰੋਮਣੀ ਅਕਾਲੀ ਦਲ-ਭਾਜਪਾ ਗਠਜੋੜ ਸਰਕਾਰ ਨੇ ਪਿਛਲੇ ਲਗਭੱਗ 9 ਸਾਲਾਂ ਦੌਰਾਨ ਸੂਬੇ ਦਾ ਰਿਕਾਰਡ ਤੋੜ ਵਿਕਾਸ ਕੀਤਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਜਿੱਥੇ ਕਿਸਾਨਾਂ ਦੇ ਟਿਊਬਵੈਲ੍ਹਾਂ ਲਈ ਬਿਜਲੀ ਦੇ ਬਿੱਲ ਮੁਆਫ਼ ਕੀਤੇ ਗਏ ਹਨ, ਉੱਥੇ ਗਰੀਬ ਪ੍ਰੀਵਾਰਾਂ ਦੇ ਘਰੇਲੂ ਬਿਜਲੀ ਦੇ ਬਿੱਲ ਵੀ ਮੁਆਫ਼ ਕਰਕੇ ਉਨ੍ਹਾਂ ਪ੍ਰੀਵਾਰਾਂ ਨੂੰ ਆਰਥਿਕ ਸਹਾਇਤਾ ਪ੍ਰਦਾਨ ਕੀਤੀ ਹੈ। ਉਨ੍ਹਾਂ ਦੱਸਿਆ ਕਿ ਸਰਕਾਰ ਵੱਲੋਂ ਇਸ ਤੋਂ ਇਲਾਵਾ ਨੀਲੇ ਕਾਰਡ ਧਾਰਕ ਪ੍ਰੀਵਾਰਾਂ ਲਈ ਆਟਾ-ਦਾਲ ਸਕੀਮ, ਵੱਖ-ਵੱਖ ਵਰਗਾਂ ਲਈ ਪੈਨਸ਼ਨ ਸਕੀਮ, ਸ਼ਗਨ ਸਕੀਮ, ਮਾਈ ਭਾਗੋ ਵਿੱਦਿਆ ਸਕੀਮ ਅਤੇ ਵਿਦਿਆਰਥੀਆਂ ਲਈ ਸ਼ਕਾਲਰਸ਼ਿਪ ਸਕੀਮ ਆਦਿ ਅਨੇਕਾਂ ਲਾਭਪਾਤਰੀਆਂ ਸਕੀਮਾਂ ਸ਼ੁਰੂ ਕੀਤੀਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਸ. ਪਰਕਾਸ਼ ਸਿੰਘ ਬਾਦਲ ਵੱਲੋਂ ਸੂਬੇ ਦੇ ਕਿਸਾਨਾਂ ਦੀਆਂ ਫ਼ਸਲਾਂ ਦੀ ਸਿੰਚਾਈ ਲਈ ਪਾਣੀ ਦੀ ਰਾਖੀ ਦਾ ਮੁੱਦਾ ਪੰਜਾਬ ਵਿਧਾਨ ਸਭਾ 'ਚ ਉਠਾ ਕੇ ਕਿਸਾਨਾਂ ਦੇ ਹਿੱਤਾਂ ਦੀ ਰੱਖਿਆ ਕੀਤੀ।

ਇਸ ਮੌਕੇ ਹਲਕਾ ਮੋਗਾ ਦੇ ਵਿਧਾਇਕ ਸ੍ਰੀ ਜੋਗਿੰਦਰ ਪਾਲ ਜੈਨ ਨੇ ਕਿਹਾ ਕਿ ਸ੍ਰੋਮਣੀ ਅਕਾਲੀ ਦਲ-ਭਾਜਪਾ ਕੇ ਰਾਜਕਾਲ ਦੌਰਾਨ ਹੀ ਸੂਬੇ ਦਾ ਸਰਬ-ਪੱਖੀ ਵਿਕਾਸ ਹੋਇਆ ਹੈ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਗਰੀਬ ਵਰਗ ਦੇ ਲੋਕਾਂ, ਵਪਾਰੀਆਂ ਅਤੇ ਕਿਸਾਨਾਂ ਲਈ ਭਗਤ ਪੂਰਨ ਸਿੰਘ ਸਿਹਤ ਬੀਮਾ ਯੋਜਨਾ ਤਹਿਤ 50 ਹਜ਼ਾਰ ਰੁਪਏ ਸਲਾਨਾ ਇਲਾਜ ਦੀ ਸਹੂਲਤ ਪ੍ਰਦਾਨ ਕਰਕੇ ਸ਼ਲਾਘਾਯੋਗ ਕੰਮ ਕੀਤਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਜਲਦੀ ਹੀ ਕਿਸਾਨਾਂ ਲਈ ਫ਼ਸਲ ਬੀਮਾ ਯੋਜਨਾ ਵੀ ਸ਼ੁਰੂ ਕੀਤੀ ਜਾ ਰਹੀ ਹੈ।

ਚੇਅਰਮੈਨ ਪੰਜਾਬ ਰਾਜ ਸਿਹਤ ਨਿਗਮ ਬਰਜਿੰਦਰ ਸਿੰਘ ਬਰਾੜ ਨੇ ਪੰਜਾਬ ਸਰਕਾਰ ਵੱਲੋਂ ਰਾਜ ਦੇ ਗਰੀਬ, ਕਿਸਾਨ ਅਤੇ ਵਪਾਰੀ ਵਰਗ ਲਈ ਭਗਤ ਪੂਰਨ ਸਿੰਘ ਸਿਹਤ ਬੀਮਾ ਯੋਜਨਾ ਸ਼ੁਰੂ ਕਰਕੇ ਇਨ੍ਹਾਂ ਵਰਗਾਂ ਦੇ ਲੋਕਾਂ ਦੀ ਸਿਹਤ ਦੇ ਇਲਾਜ ਸਬੰਧੀ ਵੱਡਾ ਫ਼ੈਸਲਾ ਕੀਤਾ ਹੈ। ਉਨ੍ਹਾਂ ਮੁੱਖ ਮੰਤਰੀ ਪੰਜਾਬ ਸ. ਪਰਕਾਸ਼ ਸਿੰਘ ਬਾਦਲ ਦਾ ਇਸ ਲੋਕ-ਪੱਖੀ ਫ਼ੈਸਲੇ ਲਈ ਧੰਨਵਾਦ ਕਰਦਿਆਂ ਕਿਹਾ ਕਿ ਸਰਕਾਰ ਨੇ ਲੋਕਾਂ ਦੀ ਸਿਹਤ ਦੀ ਰਾਖੀ ਲਈ ਆਪਣੀ ਵਚਨ-ਬੱਧਤਾ ਦੁਹਰਾਈ. ਹੈ। ਉਨ੍ਹਾਂ ਦੱਸਿਆ ਕਿਇਸ ਮੁਫ਼ਤ ਬੀਮਾ ਯੋਜਨਾ ਤਹਿਤ ਪ੍ਰੀਵਾਰ ਦੇ ਮੁਖੀ ਦੀ ਮੌਤ ਹੋ ਜਾਣ ਦੀ ਸੂਰਤ ਵਿੱਚ 5 ਲੱਖ ਰੁਪਏ ਦਾ ਮੁਆਵਜ਼ਾ ਵੀ ਦਿੱਤਾ ਜਾਵੇਗਾ। ਜ਼ਿਲ੍ਹਾ ਪ੍ਰਧਾਨ ਭਾਜਪਾ ਸ. ਤਰਲੋਚਨ ਸਿੰਘ ਗਿੱਲ ਨੇ ਕਿਹਾ ਕਿ ਕੇਂਦਰ ਤੇ ਪੰਜਾਬ ਸਰਕਾਰ ਰਾਜ ਦੇ ਵਿਕਾਸ ਲਈ ਯਤਨਸ਼ੀਲ ਹੈ ਅਤੇ ਸਰਕਾਰ ਵੱਲੋਂ ਸੂਬੇ ਵਿੱਚ ਲੋਕ-ਪੱਖੀ ਸਕੀਮਾਂ ਸ਼ੁਰੂ ਕਰਨ ਲਈ ਵੱਡੇ ਉਪਰਾਲੇ ਕੀਤੇ ਗਏ ਹਨ। ਉਨ੍ਹਾਂ ਜ਼ਿਲ੍ਹੇ ਦੇ  ਕਿਸਾਨਾਂ ਨੂੰ ਉਨ੍ਹਾਂ ਦੀ ਭਲਾਈ ਲਈ ਸ਼ੁਰੂ ਕੀਤੀ ਗਈ ਇਸ ਨਿਵੇਕਲੀ ਸਕੀਮ ਦਾ ਵੱਧ ਤੋਂ ਵੱਧ ਲਾਭ ਉਠਾਉਣ ਦੀ ਅਪੀਲ ਕੀਤੀ।

ਇਸ ਮੌਕੇ ਡਿਪਟੀ ਕਮਿਸ਼ਨਰ ਸ. ਕੁਲਦੀਪ ਸਿੰਘ ਵੈਦ ਨੇ ਸਮਾਗਮ ਦੇ ਮੁੱਖ ਮਹਿਮਾਨ ਤੇ ਹੋਰ ਪਤਵੰਤਿਆਂ ਨੂੰ ਜੀ-ਆਇਆਂ ਕਹਿੰਦਿਆਂ ਭਗਤ ਪੂਰਨ ਸਿੰਘ ਸਿਹਤ ਬੀਮਾ ਯੋਜਨਾ ਸਬੰਧੀ ਜਾਣਕਾਰੀ ਦਿੱਤੀ। ਇਸ ਸਮੇਂ ਮੰਤਰੀ ਨੇ ਕਿਸਾਨਾਂ ਨੂੰ ਭਗਤ ਪੂਰਨ ਸਿੰਘ ਸਿਹਤ ਬੀਮਾ ਯੋਜਨਾ ਤਹਿਤ ਸਮਾਰਟ ਕਾਰਡ ਵੀ ਤਕਸੀਮ ਕੀਤੇ।

ਇਸ ਮੌਕੇ ਜ਼ਿਲ੍ਹਾ ਪ੍ਰਧਾਨ ਸ੍ਰੋਮਣੀ ਅਕਾਲੀ ਦਲ ਤੀਰਥ ਸਿੰਘ ਮਾਹਲਾ, ਮੇਅਰ ਨਗਰ ਨਿਗਮ ਅਕਸ਼ਿਤ ਜੈਨ, ਚੇਅਰਪਰਸਨ ਜ਼ਿਲ੍ਹਾ ਪ੍ਰੀਸ਼ਦ ਬੀਬੀ ਅਮਰਜੀਤ ਕੌਰ ਸਾਹੋਕੇ, ਡਿਪਟੀ ਕਮਿਸ਼ਨਰ ਸ. ਕੁਲਦੀਪ ਸਿੰਘ ਵੈਦ, ਚੇਅਰਮੈਨ ਪੰਜਾਬ ਜੈਨਕੋ ਜਗਤਾਰ ਸਿੰਘ ਰਾਜਿਆਣਾ, ਚੇਅਰਮੈਨ ਤਰਸੇਮ ਸਿੰਘ ਰੱਤੀਆਂ, ਵਧੀਕ ਡਿਪਟੀ ਕਮਿਸ਼ਨਰ ਅਰਵਿੰਦ ਪਾਲ ਸਿੰਘ ਸੰਧੂ, ਸਹਾਇਕ ਕਮਿਸ਼ਨਰ ਅਨੀਤਾ ਦਰਸ਼ੀ, ਐਸ.ਡੀ.ਐਮ ਮੋਗਾ ਸੁਰਿੰਦਰ ਕੌਰ, ਐਸ.ਜੀ.ਪੀ.ਸੀ. ਤੇ ਜ਼ਿਲ੍ਹਾ ਪ੍ਰੀਸ਼ਦ ਮੈਂਬਰ, ਜ਼ਿਲ੍ਹਾ ਮੰਡੀ ਅਫਸਰ ਮੋਗਾ ਜਸਵੀਰ ਕੌਰ ਤੋਂ ਇਲਾਵਾ ਅਕਾਲੀ-ਭਾਜ਼ਪਾ ਗੱਠਜੋੜ ਦੇ ਵੱਡੀ ਗਿਣਤੀ 'ਚ ਆਗੂ ਅਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਤੇ ਕਿਸਾਨ ਹਾਜ਼ਰ ਸਨ।

-----------------

ਨੰ: ਪੀ.ਆਰ(ਪ੍ਰੈ ਰੀ)2016/183


ਭਗਤ ਪੂਰਨ ਸਿੰਘ ਸਿਹਤ ਬੀਮਾ ਯੋਜਨਾ
ਕਿਸਾਨ ਸਿਹਤ ਬੀਮਾ


ਭਗਤ ਪੂਰਨ ਸਿੰਘ ਸਿਹਤ ਬੀਮਾ ਯੋਜਨਾ
ਕਿਸਾਨ ਸਿਹਤ ਬੀਮਾ


ਮਹਿਮਾਨ : ਸ.


ਭਗਤ ਪੂਰਨ ਸਿੰਘ ਸਿਹਤ ਬੀਮਾ ਯੋਜਨਾ
ਕਿਸਾਨ ਸਿਹਤ ਬੀਮਾ
ਸਬੰਧੀ ਮਿਤੀ 11 ਅਪ੍ਰੈਲ 2016 ਨੂੰ ਮੋਗਾ ਵਿਖੇ
ਜ਼ਿਲ੍ਹਾ ਪੱਧਰੀ ਸਮਾਗਮ

